**ਦਫਤਰ ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ।**

**ਪੰਜਾਬ ਸਕੂਲ ਸਿੱਖਿਆ ਬੋਰਡ ਕੰਪਲੈਕਸ, ਪੰਜਵੀਂ ਮੰਜਿਲ, ਈ-ਬਲਾਕ, ਫੇਜ਼-8, ਐਸ.ਏ.ਐਸ.ਨਗਰ।**

**(ਵਜੀਫਾ ਸ਼ਾਖਾ)**

ਵੱਲ

ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ)

ਪੰਜਾਬ।

ਪੱਤਰ ਨੰ: 727131 /2024287864

ਮਿਤੀ ਐਸ.ਏ.ਐਸ.ਨਗਰ 07-11-2024

ਵਿਸ਼ਾ:- **ਈ-ਪੰਜਾਬ ਪੋਰਟਲ ਤੇ ਜਨਰਲ ਸਕਾਲਰਸਿਪ ਸਕੀਮ ਅਤੇ ਅਨੁਸੂਚਿਤ ਜਾਤੀਆਂ ਦੀਆਂ ਲੜਕੀਆਂ ਨੂੰ 11ਵੀਂ ਅਤੇ 12ਵੀਂ ਦੀ ਪੜ੍ਹਾਈ ਲਈ ਉਤਸਾਹਿਤ ਕਰਨ ਲਈ ਇਨਾਮ ਦੇਣ ਦੀ ਸਕੀਮ ਤਹਿਤ ਵੱਧ ਤੋਂ ਵੱਧ ਯੋਗ ਵਿਦਿਆਰਥੀਆਂ ਨੂੰ ਵਜੀਫੇ ਲਈ ਅਪਲਾਈ ਕਰਵਾਉਣ ਸਬੰਧੀ।**

ਉਪਰੋਕਤ ਵਿਸ਼ੇ ਸਬੰਧੀ ਲਿਖਿਆ ਜਾਂਦਾ ਹੈ ਕਿ ਈ-ਪੰਜਾਬ ਪੋਰਟਲ ਤੇ ਯੋਗ ਵਿਦਿਆਰਥੀਆਂ ਨੂੰ ਅਪਲਾਈ ਕਰਵਾਉਣ ਲਈ ਮਿਤੀ ਵਿੱਚ ਆਖਰੀ ਵਾਰ ਵਾਧਾ ਕੀਤਾ ਗਿਆ ਹੈ। ਈ-ਪੰਜਾਬ ਪੋਰਟਲ ਤੇ ਅਪਲਾਈ ਕਰਵਾਉਣ ਦੀ ਆਖਰੀ ਮਿਤੀ 14-11-2024 ਹੈ।

ਈ-ਪੰਜਾਬ ਪੋਰਟਲ ਤੇ ਮਿਤੀ 07-11-2024 ਦੀ ਰਿਪੋਰਟ ਅਨੁਸਾਰ ਜਨਰਲ ਸਕਾਲਰਸਿਪ ਸਕੀਮ ਤਹਿਤ 1049 ਅਤੇ ਅਨੁਸੂਚਿਤ ਜਾਤੀਆਂ ਦੀਆਂ ਲੜਕੀਆਂ ਨੂੰ 11ਵੀਂ ਅਤੇ 12ਵੀਂ ਦੀ ਪੜ੍ਹਾਈ ਲਈ ਉਤਸਾਹਿਤ ਕਰਨ ਲਈ ਇਨਾਮ ਦੇਣ ਦੀ ਸਕੀਮ ਤਹਿਤ ਕੇਵਲ 9754 ਵਿਦਿਆਰਥੀਆਂ ਵੱਲੋਂ ਹੀ ਵਜੀਫੇ ਲਈ ਅਪਲਾਈ ਕੀਤਾ ਗਿਆ ਹੈ।

ਈ-ਪੰਜਾਬ ਪੋਰਟਲ ਦੀਆਂ ਮਿਤੀਆਂ ਵਿੱਚ ਹੋਰ ਵਾਧਾ ਨਹੀਂ ਕੀਤਾ ਜਾਵੇਗਾ, ਇਸ ਲਈ ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ) ਨੂੰ ਲਿਖਿਆ ਜਾਂਦਾ ਹੈ ਕਿ ਆਪਣੇ ਅਧੀਨ ਆਉਂਦੇ ਸਕੂਲਾਂ ਦੇ ਮੁੱਖੀਆਂ ਨੂੰ ਹਦਾਇਤ ਕੀਤੀ ਜਾਵੇ ਕਿ ਮਿੱਥੇ ਸਮੇਂ ਦੇ ਅੰਦਰ-ਅੰਦਰ ਯੋਗ ਵਿਦਿਆਰਥੀਆਂ ਨੂੰ ਵਜੀਫੇ ਲਈ ਅਪਲਾਈ ਕਰਵਾਉਣਾ ਯਕੀਨੀ ਬਣਾਇਆ ਜਾਵੇ ਤਾਂ ਜੋ ਕੋਈ ਵੀ ਵਿਦਿਆਰਥੀ ਵਜੀਫੇ ਦੇ ਲਾਭ ਤੋਂ ਵਾਂਝਾ ਨਾ ਰਹਿ ਜਾਵੇ।

ਯੋਗ ਵਿਦਿਆਰਥੀਆਂ ਨੂੰ ਈ-ਪੰਜਾਬ ਪੋਰਟਲ ਤੇ ਸਮੇਂ ਸਿਰ ਅਪਲਾਈ ਨਾ ਕਰਵਾਉਣ ਦੀ ਸੂਰਤ ਵਿੱਚ ਸਕੂਲ ਮੁੱਖੀ ਅਤੇ ਸਬੰਧਤ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ)/ ਉੱਪ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ)-ਕਮ- ਜਿਲ੍ਹਾ ਵਜੀਫਾ ਨੋਡਲ ਅਫਸਰ ਦੀ ਨਿੱਜੀ ਜਿੰਮੇਵਾਰੀ ਹੋਵੇਗੀ।

ਇਸ ਨੂੰ ਪਰਮ ਅਗੇਤ ਦਿੱਤੀ ਜਾਵੇ।

07.11.2024

**ਸਹਾਇਕ ਡਾਇਰੈਕਟਰ (ਵਜੀਫਾ)**

Scanned with OKEN Scanner

ਦਫਤਰ ਜ਼ਿਲ੍ਹਾ ਸਿੱਖਿਆ ਅਫਸਰ (ਸੈ:ਸਿ), ਬਠਿੰਡਾ

ਪਿੱਠ ਅੰਕਿਤ ਨੰ: ਸੀ-5/(c)/2024/1453 ਮਿਤੀ: 7-11-2024

ਉਪਰੋਕਤ ਦਾ ਉਤਾਰਾ ਜ਼ਰੂਰੀ ਕਾਰਜ/ਕਾਰਵਾਈ ਹਿਤ ਸਮੂਹ ਸਕੂਲ ਮੁਖੀਆਂ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਉਕਤ ਪੱਤਰ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ। e-Punjab Portal ਤੇ ਬਕਾਇਆ ਅਪਡੇਸ਼ਨ ਕਰਨ ਦੀ ਆਖਰੀ ਮਿਤੀ 14-11-2024 ਹੈ ਅਤੇ ਇਸ ਵਿੱਚ ਸਮੇਂ ਤੋਂ ਕੋਈ ਵਾਧਾ ਨਹੀਂ ਕੀਤਾ ਜਾਵੇਗਾ। ਜੋ ਉਪਰੋਕਤ ਸਕੀਮ ਅਧੀਨ ਵੱਧ ਤੋਂ ਵੱਧ ਯੋਗ ਵਿਦਿਆਰਥੀਆਂ ਨੂੰ ਅਪਲਾਈ ਕਰਵਾਇਆ ਜਾਵੇ ਅਤੇ ਜੇਕਰ ਕੋਈ ਯੋਗ ਵੀ ਵਿਦਿਆਰਥੀ ਉਪਰੋਕਤ ਸਕੀਮ ਅਪਲਾਈ ਕਰਨ ਤੋਂ ਵਾਂਝਾ ਰਹਿ ਜਾਂਦਾ ਹੈ ਤਾਂ ਇਸ ਦੀ ਨਿਰੋਲ ਜਿੰਮੇਵਾਰੀ ਸਬੰਧਤ ਮੁੱਖੀ ਦੀ ਹੋਵੇਗੀ।

07/11/24

ਜ਼ਿਲ੍ਹਾ ਸਿੱਖਿਆ ਅਫਸਰ (ਸੈ)
ਬਠਿੰਡਾ

7/11/24